# 12 ਬੋਤਲਾਂ ਦੇਸੀ ਸ਼ਰਾਬ ਸਮੇਤ ਇਕ ਗ੍ਰਿਫਤਾਰ

## 14 ਦਿਨ ਲਈ ਜੁਡੀਸ਼ੀਅਲ ਰਿਮਾਂਡ 'ਤੇ ਜੇਲ ਭੇਜਿਆ

ਸ੍ਰੀ ਕੀਰਤਪੁਰ ਸਾਹਿਬ, 29 ਜੂਨ (ਬਾਲੀ/ਰਾਜਬੀਰ)- ਪੁਲਸ ਥਾਣਾ ਸ੍ਰੀ ਕੀਰਤਪੁਰ ਸਾਹਿਬ ਅਧੀਨ ਆਉਂਦੀ ਪੁਲਸ ਚੌਕੀ ਭਰਤਗੜ੍ਹ ਦੀ ਪੁਲਸ ਪਾਰਟੀ ਵਲੋਂ ਇਕ ਨਾਕਾਬੰਦੀ ਦੌਰਾਨ ਇਕ ਵਿਅਕਤੀ ਨੂੰ 12 ਬੋਤਲਾਂ ਘਰ ਦੀ ਕੱਢੀ ਦੇਸੀ ਸ਼ਰਾਬ ਸਮੇਤ ਗ੍ਰਿਫਤਾਰ ਕਰਨ ਵਿਚ ਸਫਲਤਾ ਪ੍ਰਾਪਤ ਕੀਤੀ ਹੈ, ਜਿਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਸ ਥਾਣਾ ਸ੍ਰੀ ਕੀਰਤਪੁਰ ਸਾਹਿਬ ਦੇ ਐੱਸ. ਐੱਚ. ਓ. ਸਬ ਇੰਸਪੈਕਟਰ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਭਰਤਗੜ੍ਹ ਪੁਲਸ ਚੌਕੀ ਦੇ ਏ. ਐੱਸ. ਆਈ. ਸਤਵੰਤ ਸਿੰਘ ਆਪਣੀ ਪੁਲਸ ਪਾਰਟੀ ਸਮੇਤ ਵੱਡਾ ਪਿੰਡ ਪੁਲ ਦੇ ਨਜ਼ਦੀਕ ਮੌਜੂਦ ਸੀ ਤਾਂ ਉਨ੍ਹਾਂ ਨੂੰ ਵੱਡਾ ਪਿੰਡ ਟੱਪਰੀਆਂ ਵਲੋਂ ਇਕ ਵਿਅਕਤੀ ਮੋਟਰਸਾਈਕਲ 'ਤੇ ਆਉਂਦਾ ਦਿਖਾਈ ਦਿੱਤਾ ਜਿਸ ਨੂੰ ਪੁਲਸ ਪਾਰਟੀ ਨੇ ਰੋਕ ਕੇ ਉਸ ਦਾ ਨਾਂ ਅਤੇ ਪਤਾ ਪੁੱਛਿਆ ਤਾਂ ਉਕਤ ਵਿਅਕਤੀ ਨੇ ਆਪਣਾ ਨਾਮ ਅਨੂ ਉਰਫ ਕਾਲੇ ਪੁੱਤਰ ਪ੍ਰੇਮ ਚੰਦ ਵਾਸੀ ਪਿੰਡ ਟੱਪਰੀਆਂ ਥਾਣਾ ਸ੍ਰੀ ਕੀਰਤਪੁਰ ਸਾਹਿਬ ਦੱਸਿਆ। ਜਿਸ ਨੇ ਆਪਣੇ ਮੋਟਰਸਾਈਕਲ ਦੇ ਸੀਟ ਪਾਸੇ ਰੱਸੀ ਨਾਲ ਇਕ ਪਲਾਸਟਿਕ ਦੀ ਥੈਲੀ ਬੰਨ੍ਹੀ ਹੋਈ ਸੀ, ਜਦੋਂ ਥੈਲੀ ਦਾ ਢੱਕਣ ਖੋਲ੍ਹ ਕੇ ਦੇਖਿਆ ਤਾਂ ਉਸ 'ਚ ਸ਼ਰਾਬ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਉਕਤ ਸ਼ਰਾਬ ਘਰ ਦੀ ਕੱਢੀ ਹੋਈ ਸ਼ਰਾਬ ਸੀ ਜਿਸ ਨੂੰ ਨਾਪਣ 'ਤੇ ਬਾਰਾਂ ਬੋਤਲਾਂ ਬਣੀਆਂ। ਉਨ੍ਹਾਂ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਐਕਸਾਈਜ਼ ਐਕਟ ਅਧੀਨ ਮਾਮਲਾ ਦਰਜ ਕਰਕੇ ਦੋਸ਼ੀ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕੀਤਾ ਗਿਆ ਜਿਥੇ ਮਾਣਯੋਗ ਅਦਾਲਤ ਵਲੋਂ ਦੋਸ਼ੀ ਨੂੰ 14 ਦਿਨ ਦੇ ਜੁਡੀਸ਼ੀਅਲ ਰਿਮਾਂਡ 'ਤੇ ਜੇਲ ਭੇਜ ਦਿੱਤਾ ਗਿਆ ਹੈ।

